# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ:23-01-2026**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਭਲਕੇ, 18ਵੇਂ ਰੋਜ਼ਗਾਰ ਮੇਲੇ ਵਿੱਚ, ਨਵੇਂ ਨਿਯੁਕਤ ਨੌਜਵਾਨਾਂ ਨੂੰ 61,ਹਜ਼ਾਰ ਤੋਂ ਵੱਧ ਨਿਯੁਕਤੀ ਪੱਤਰ ਵੰਡਣਗੇ. ਇਹ ਮੇਲਾ ਪੰਜਾਬ ਦੇ ਜਲੰਧਰ ਸਮੇਤ ਦੇਸ਼ ਭਰ ਵਿੱਚ 45 ਥਾਵਾਂ 'ਤੇ ਹੋਏਗਾ.
- ਸਤਿਗੁਰੂ ਰਾਮ ਦਾਸ ਜੀ ਦੇ 210 ਵੇਂ ਪ੍ਰਕਾਸ਼ ਪੁਰਬ ਮੌਕੇ ਰਾਜ ਪਧਰੀ ਸਮਾਗਮ ਆਯੋਜਿਤ. ਕੂਕਾ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਯਾਦ ਕੀਤਾ ਗਿਆ.
- ਆਈ.ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ, ਜਲੰਧਰ ਨੇ ਆਸਟ੍ਰੇਲੀਆ ਦੇ ਯੂਨੀਵਰਸਲ ਬਿਜ਼ਨਸ ਸਕੂਲ ਸਿਡਨੀ ਨਾਲ ਅਕਾਦਮਿਕ ਸਹਿਯੋਗ ਲਈ ਇੱਕ ਅਹਿਮ ਸਮਝੌਤੇ ‘ਤੇ ਦਸਤਖਤ ਕੀਤੇ ਨੇ.

- 'ਕਿਲ੍ਹਾ ਰਾਏਪੁਰ ਰੂਰਲ ਓਲੰਪਿਕ-2026' ਖੇਡਾਂ 30 ਜਨਵਰੀ ਤੋਂ ਸ਼ੁਰੂ. ਬੈਲ ਗੱਡੀਆਂ ਦੀਆਂ ਦੌੜਾਂ ਦੀ ਮੁੜ੍ਹ ਵਾਪਸੀ.
- ਪੰਜਾਬ ਵਿੱਚ ਕਈ ਥਾਵਾਂ 'ਤੇ ਲਗਾਤਾਰ ਬਾਰਿਸ਼. ਅੱਜ ਪੰਜਾਬ ਭਰ ਵਿੱਚ ORANGE ALERT ਜਾਰੀ.

---------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ 24 ਜਨਵਰੀ ਨੂੰ ਸਵੇਰੇ 11 ਵਜੇ ਵੀਡੀਓ ਕਾਨਫਰੰਸਿੰਗ ਰਾਹੀਂ 18ਵੇਂ ਰੋਜ਼ਗਾਰ ਮੇਲੇ ਵਿੱਚ ਵੱਖ-ਵੱਖ ਸਰਕਾਰੀ ਵਿਭਾਗਾਂ ਅਤੇ ਸੰਗਠਨਾਂ ਵਿੱਚ ਨਵੇਂ ਨਿਯੁਕਤ ਨੌਜਵਾਨਾਂ ਨੂੰ 61,ਹਜ਼ਾਰ ਤੋਂ ਵੱਧ ਨਿਯੁਕਤੀ ਪੱਤਰ ਵੰਡਣਗੇ। ਉਹ ਇਸ ਮੌਕੇ ਇਕੱਠ ਨੂੰ ਸੰਬੋਧਨ ਵੀ ਕਰਨਗੇ। ਰੁਜ਼ਗਾਰ ਪੈਦਾ ਕਰਨ ਨੂੰ ਸਭ ਤੋਂ ਵੱਧ ਤਰਜੀਹ ਦੇਣ ਦੀ ਪ੍ਰਧਾਨ ਮੰਤਰੀ ਦੀ ਵਚਨਬੱਧਤਾ ਮੁਤਾਬਿਕ, ਰੋਜ਼ਗਾਰ ਮੇਲਾ ਇਸ ਦ੍ਰਿਸ਼ਟੀਕੋਣ ਨੂੰ ਅਮਲ ਵਿੱਚ ਲਿਆਉਣ ਲਈ ਇੱਕ ਮੁੱਖ ਪਹਿਲਕਦਮੀ ਏ । ਆਪਣੀ ਸ਼ੁਰੂਆਤ ਤੋਂ ਲੈ ਕੇ, ਦੇਸ਼ ਭਰ ਵਿੱਚ ਕਰਾਏ ਜਾਂਦੇ ਰੋਜ਼ਗਾਰ ਮੇਲਿਆਂ ਰਾਹੀਂ 11 ਲੱਖ ਤੋਂ ਵੱਧ ਨਿਯੁਕਤੀ ਪੱਤਰ ਜਾਰੀ

ਕੀਤੇ ਗਏ ਨੇ. 18ਵਾਂ ਰੋਜ਼ਗਾਰ ਮੇਲਾ ਪੰਜਾਬ ਦੇ ਜਲੰਧਰ ਸਮੇਤ ਦੇਸ਼ ਭਰ ਵਿੱਚ 45 ਥਾਵਾਂ 'ਤੇ ਕਰਾਇਆ ਜਾਵੇਗਾ। ਭਾਰਤ ਦੇ ਸਾਰੇ ਹਿੱਸਿਆਂ ਤੋਂ ਚੁਣੇ ਗਏ ਨਵੇਂ ਉਮੀਦਵਾਰ ਭਾਰਤ ਸਰਕਾਰ ਦੇ ਵੱਖ-ਵੱਖ ਮੰਤਰਾਲਿਆਂ ਅਤੇ ਵਿਭਾਗਾਂ ਵਿੱਚ ਸ਼ਾਮਲ ਹੋਣਗੇ, ਜਿਨ੍ਹਾਂ ਵਿੱਚ ਗ੍ਰਹਿ ਮੰਤਰਾਲੇ, ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ, ਮਾਲੀ ਸੇਵਾਵਾਂ ਵਿਭਾਗ, ਉੱਚ ਸਿੱਖਿਆ ਵਿਭਾਗ ਆਦਿ ਸ਼ਾਮਲ ਨੇ.

---------------------------------------------------

ਪੰਜਾਬ ਸਰਕਾਰ ਵਲੋਂ ਸਤਿਗੁਰ ਰਾਮ ਸਿੰਘ ਜੀ ਦੇ 210 ਵੇਂ ਪ੍ਰਕਾਸ਼ ਪੁਰਬ ਮੌਕੇ ਭੈਣੀ ਸਾਹਿਬ ਵਿਖੇ ਅੱਜ ਰਾਜ ਪਧਰੀ ਸਮਾਗਮ ਆਯੋਜਿਤ ਕੀਤਾ ਗਿਆ. ਇਸ ਮੌਕੇ ਕੂਕਾ ਸ਼ਹੀਦਾਂ ਦੀਆਂ ਕੁਰਬਾਨੀਆਂ ਦਾ ਜ਼ਿਕਰ ਕਰਦਿਆਂ, ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਸ੍ਰੀ ਸਤਿਗੁਰੂ ਰਾਮ ਸਿੰਘ ਜੀ ਨੇ ਬਹਾਦਰ ਕ੍ਰਾਂਤੀਕਾਰੀ ਪੈਦਾ ਕੀਤੇ, ਜਿਨ੍ਹਾਂ ਨੇ ਅੰਗਰੇਜ਼ਾਂ ਦੇ ਖਿਲਾਫ ਹੌਸਲੇ ਨਾਲ ਲੜਾਈ ਲੜੀ  ਅਤੇ ਦੇਸ਼ ਨੂੰ ਅਜ਼ਾਦ ਕਰਵਾਉਣ ਲਈ ਤੋਪਾਂ ਦੇ ਸਾਹਮਣੇ ਖੜ੍ਹੇ ਹੋ ਕੇ ਆਪਣੀਆਂ ਜਾਨਾਂ

ਕੁਰਬਾਨ ਕੀਤੀਆਂ। ਉਹਨਾਂ ਕਿਹਾ ਕਿ ਮਲੇਰਕੋਟਲਾ ਵਿਖੇ 66 ਨਾਮਧਾਰੀ ਸਿੰਘਾਂ ਨੂੰ ਅੰਗਰੇਜਾਂ ਨੇ ਤੋਪਾਂ ਨਾਲ ਉਡਾਇਆਂ ਅਤੇ ਲੁਧਿਆਣਾ, ਰਾਏਕੋਟ ਅਤੇ ਅੰਮ੍ਰਿਤਸਰ ਵਿਖੇ ਕਈ ਨਾਮਧਾਰੀ ਸਿੰਘਾਂ ਨੂੰ ਸ਼ਰੇਆਮ ਫਾਂਸੀ ਵੀ ਦਿੱਤੀ ਗਈ। ਉਨ੍ਹਾਂ ਕਿਹਾ ਕਿ ਅਜ਼ਾਦੀ ਦੀ ਲੜਾਈ ਦੌਰਾਨ ਸਭ ਤੋਂ ਵੱਧ ਕੁਰਬਾਨੀਆਂ ਪੰਜਾਬੀਆਂ ਨੇ ਦਿੱਤੀਆਂ ਅਤੇ ਅਜਾਦੀ ਦੀ ਲੜਾਈ ਦੌਰਾਨ ਨਾਮਧਾਰੀ ਸਿੰਘਾਂ ਨੇ ਵੀ ਬਹੁਤ ਕੁਰਬਾਨੀਆਂ ਦਿੱਤੀਆਂ, ਜਿਨ੍ਹਾਂ ਨੂੰ ਕਦੇ ਵੀ ਭੁਲਾਇਆ ਨਹੀ ਜਾ ਸਕਦਾ। ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਨਾਮਧਾਰੀ ਸੰਪਰਦਾ ਵੱਲੋਂ ਦੇਸ਼ ਦੀ ਆਜ਼ਾਦੀ, ਧਰਮ ਅਤੇ ਮਨੁੱਖੀ ਕਦਰਾਂ ਦੀ ਰੱਖਿਆ ਲਈ ਦਿੱਤੀਆਂ ਗਈਆਂ ਕੁਰਬਾਨੀਆਂ ਭਾਰਤੀ ਇਤਿਹਾਸ ਵਿੱਚ ਸਦਾ ਸੁਨਹਿਰੀ ਅੱਖਰਾਂ ਨਾਲ ਦਰਜ ਰਹਿਣਗੀਆਂ। ਇਸ ਮੌਕੇ ਸਤਿਗੁਰ ਉਦੈ ਸਿੰਘ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ.

---------------------------------------------------------

ਪੰਜਾਬ ਪੁਲਿਸ ਦੇ ਰਾਜ ਵਿਸ਼ੇਸ਼ ਅਪ੍ਰੇਸ਼ਨਸ ਸੈੱਲ ਅਮ੍ਰਿਤਸਰ ਨੇ ਦਾਅਵਾ ਕੀਤਾ ਏ ਕਿ ਇਸਨੇ, ਪਾਬੰਦੀਸ਼ੁਦਾ ਦਹਿਸ਼ਤਗਰਦ

ਜਥੇਬੰਦੀ, **Babbar Khalsa International (BKI)** ਨਾਲ ਜੁੜੇ ਇੱਕ ਦਹਿਸ਼ਤਗਰਦ MODULE ਦੇ ਇੱਕ ਕਾਰਕੁੰਨ ਨੂੰ ਗਿਰਫਤਾਰ ਕਰਦਿਆਂ ਇੱਕ ਸੁਰਖਿਆ ਅਦਾਰੇ 'ਤੇ ਹਮਲੇ ਨੂੰ ਸਫਲਤਾ ਨਾਲ ਟਾਲ ਦਿੱਤਾ ਏ. ਪੁਲਿਸ ਹਲਕਿਆਂ ਮੁਤਾਬਿਕ ਇਸ ਕਾਰਕੁੰਨ ਦੇ ਕਬਜ਼ੇ ਚੋਂ ਇੱਕ ਹਥਗੋਲਾ, ਅਤੇ ਇੱਕ ਅਤਿ – ਆਧੁਨਿਕ ਪਿਸਤੌਲ ਤੇ ਗੋਲੀ ਸਿੱਕਾ ਵੀ ਬਰਾਮਦ ਕੀਤਾ ਗਿਆ ਏ. ਉਹ ਤਿੰਨ ਵਿਦੇਸ਼ੀ-ਅਧਾਰਤ ਹੈਂਡਲਰਾਂ ਦੇ ਇਸ਼ਾਰੇ 'ਤੇ ਕੰਮ ਕਰ ਰਿਹਾ ਸੀ। ਅਗਲੇਰੀ  ਜਾਂਚ ਜਾਰੀ ਏ । <><>

---------------------------------------------

ਆਈ.ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ (ਆਈ.ਕੇ.ਜੀ.ਪੀ.ਟੀ.ਯੂ.), ਜਲੰਧਰ ਨੇ ਯੂਨੀਵਰਸਲ ਬਿਜ਼ਨਸ ਸਕੂਲ ਸਿਡਨੀ (ਯੂ.ਬੀ.ਐਸ.ਐਸ), ਆਸਟ੍ਰੇਲੀਆ ਨਾਲ ਇੱਕ ਅਹਿਮ ਕੌਮਾਂਤਰੀ ਸਮਝੌਤੇ 'ਤੇ ਤਕਨੀਕੀ ਸਿੱਖਿਆ ਅਤੇ ਸਨਅਤੀ ਸਿਖਲਾਈ ਮੰਤਰੀ ਹਰਜੋਤ ਸਿੰਘ ਬੈਂਸ ਦੀ ਮੌਜੂਦਗੀ ਵਿੱਚ ਦਸਤਖਤ ਕੀਤੇ। ਇਸ ਨਾਲ ਕੌਮਾਂਤਰੀ ਪੱਧਰ 'ਤੇ ਅਕਾਦਮਿਕ ਸਹਿਯੋਗ ਨੂੰ ਮਜ਼ਬੂਤ ਕਰਨ ਅਤੇ ਸੂਬੇ ਵਿੱਚ

ਤਕਨੀਕੀ ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਵਿਚ ਮਦਦ ਮਿਲੇਗੀ. ਇਸ ਸਹਿਯੋਗ ਦਾ ਮੁਖ ਉਦੇਸ਼ ਅਕਾਦਮਿਕ ਵਟਾਂਦਰਾ, ਸਾਂਝੀਆਂ ਖੋਜ ਪਹਿਲਕਦਮੀਆਂ, ਫੈਕਲਟੀ ਅਤੇ ਵਿਦਿਆਰਥੀਆਂ ਦੀਆਂ ਸਰਗਰਮੀਆਂ ਅਤੇ ਸਿੱਖਿਆ, ਸਿਖਲਾਈ ਅਤੇ ਖੋਜ ਵਿੱਚ ਵਿਸ਼ਵਵਿਆਪੀ ਬਿਹਤਰੀਨ ਢੰਗ ਤਰੀਕਿਆਂ ਨੂੰ ਅਪਨਾਉਣ ਨੂੰ ਉਤਸ਼ਾਹਿਤ ਕਰਨਾ ਏ । ਇਸ ਮੌਕੇ ਆਪਣੇ ਸੰਬੋਧਨ ਦੌਰਾਨ ਸ੍ਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਕੌਮਾਂਤਰੀ ਅਕਾਦਮਿਕ ਭਾਈਵਾਲੀ ਸਰਕਾਰ ਦੇ ਸਿੱਖਿਆ ਸੁਧਾਰ ਏਜੰਡੇ ਦਾ ਕੇਂਦਰੀ ਧੁਰਾ ਏ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਬਿਜ਼ਨਸ ਸਕੂਲ ਸਿਡਨੀ ਵਰਗੀਆਂ ਵਿਸ਼ਵ ਪੱਧਰੀ ਨਾਮਵਰ ਸੰਸਥਾਵਾਂ ਨਾਲ ਸਹਿਯੋਗ, ਪੰਜਾਬ ਦੇ ਤਕਨੀਕੀ ਅਦਾਰਿਆਂ ਵਿੱਚ ਸਿੱਖਿਆ ਅਤੇ ਖੋਜ ਦੇ ਮਿਆਰ ਵਿੱਚ ਮਹੱਤਵਪੂਰਨ ਵਾਧਾ ਕਰੇਗਾ। ਕੈਬਨਿਟ ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਅਜਿਹੇ ਸਮਝੌਤੇ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਦੋਵਾਂ ਲਈ ਅਤਿ – ਆਧੁਨਿਕ ਅਤੇ ਸਹਿਯੋਗੀ ਖੋਜ, ਸਾਂਝੀ ਪ੍ਰਕਾਸ਼ਨਾ, ਨਵੀਨਤਾ-ਆਧਾਰਤ ਪ੍ਰਾਜੈਕਟਾਂ ਅਤੇ ਕੌਮਾਂਤਰੀ ਖੋਜ ਤੱਕ ਪਹੁੰਚ ਲਈ

ਵਿਸ਼ਾਲ ਸੰਭਾਵਨਾਵਾਂ ਦੇ ਰਾਹ ਖੋਲ੍ਹੇਗਾ। ਉਨ੍ਹਾਂ ਖ਼ਾਸ ਤੌਰ 'ਤੇ ਕਿਹਾ ਕਿ ਯੂ.ਬੀ.ਐਸ.ਐਸ. ਆਸਟ੍ਰੇਲੀਆ ਤੇ ਆਈ.ਕੇ.ਜੀ.ਪੀ.ਟੀ.ਯੂ. ਜਲੰਧਰ ਦਰਮਿਆਨ ਭਾਈਵਾਲੀ ਨਾ ਸਿਰਫ਼ ਦੋ ਵੱਡੀਆਂ ਸਿੱਖਿਆ ਸੰਸਥਾਵਾਂ ਦਰਮਿਆਨ ਗਿਆਨ ਦੇ ਵਟਾਂਦਰੇ ਨੂੰ ਉਤਸ਼ਾਹਿਤ ਕਰੇਗੀ, ਸਗੋਂ ਆਸਟ੍ਰੇਲੀਆ ਦੇ ਉਚੇਰੀ ਸਿੱਖਿਆ ਈਕੋ-ਸਿਸਟਮ ਵਿੱਚ ਆਈ.ਕੇ.ਜੀ. ਪੰਜਾਬ ਤਕਨੀਕੀ ਯੂਨੀਵਰਸਿਟੀ ਦੇ ਸਿੱਖਿਆ ਅਨੁਭਵ ਦੇ ਪਸਾਰ ਨੂੰ ਵੀ ਮਜ਼ਬੂਤੀ ਦੇਵੇਗੀ।

---------------------------------------------------

ਪੰਜਾਬ ਭਾਜਪਾ ਦੇ ਕਾਰਜਕਾਰੀ ਪ੍ਰਧਾਨ ਅਤੇ ਪਠਾਨਕੋਟ ਤੋਂ ਵਿਧਾਇਕ, ਅਸ਼ਵਨੀ ਸ਼ਰਮਾ ਨੇ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਪੰਜਾਬ ਵਿੱਚ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਬਾਰੇ ਬੋਲਦਿਆਂ ਕਿਹਾ ਏ ਕਿ ਪੰਜਾਬ ਸਰਕਾਰ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੱਲੋਂ ਵਾਅਦਾ ਕੀਤੀ ਗਈ ਆਯੁਸ਼ਮਾਨ ਸਿਹਤ ਬੀਮਾ ਯੋਜਨਾ ਨੂੰ ਲਾਗੂ ਕਰਨ ਵਿੱਚ ਅਸਫਲ ਰਹੀ ਏ, ਅਤੇ ਇਸ ਤੋਂ ਬਹੁਤ ਜ਼ਿਆਦਾ ਉਮੀਦ ਕਰਨਾ ਸਿਰਫ਼ ਇੱਕ

ਕਲਪਨਾ ਏ. ਅੱਜ ਪਠਾਨਕੋਟ ਵਿਖੇ ਪਤਰਕਾਰਾਂ ਨਾਲ ਗੱਲਬਾਤ ਕਰਦਿਆਂ 10 ਲੱਖ ਰੁਪਏ ਦੀ ਸਿਹਤ ਬੀਮਾ ਯੋਜਨਾ ਤਹਿਤ ਮਾੜੇ ਮਾਲੀ ਪ੍ਰਬੰਧ ਬਾਰੇ ਬੋਲਦਿਆਂ ਓਹਨਾਂ ਕਿਹਾ - BYTE-

ਓਹਨਾਂ ਇਹ ਵੀ ਕਿਹਾ ਕਿ ਇਸ ਸਰਕਾਰ ਨੇ ਆਪਣੀ ਕਿਸੇ ਵੀ ਵਚਨਬ੍ਧਤਾ ਨੂੰ ਪੂਰਾ ਨਹੀਂ ਕੀਤਾ ਏ.

---------------------------------------------------

ਲੁਧਿਆਣਾ ਦੇ ਕਿਲ੍ਹਾ ਰਾਏਪੁਰ ਵਿਖੇ 'ਕਿਲ੍ਹਾ ਰਾਏਪੁਰ ਰੂਰਲ ਓਲੰਪਿਕ-2026' ਖੇਡਾਂ 30 ਜਨਵਰੀ ਤੋਂ ਪਹਿਲੀ ਫਰਵਰੀ ਤੱਕ ਹੋਣਗੀਆਂ. ਇਹਨਾਂ ਖੇਡਾਂ ਵਿੱਚ ਤਿੰਨੇ ਦਿਨ ਬੈਲ ਗੱਡੀਆਂ ਦੀਆਂ ਦੌੜਾਂ ਵੀ ਹੋਣਗੀਆਂ। ਇਹ ਦੌੜਾਂ 2014 ਤੋਂ ਬਾਅਦ ਹੁਣ ਕਰਾਈਆਂ ਜਾ ਰਹੀਆਂ ਨੇ. ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਇਸ ਬਾਰੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਬੈਲ ਗੱਡੀਆਂ ਦੀਆਂ ਦੌੜਾਂ ਕਰਵਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇੱਕ ਕਮੇਟੀ ਦਾ ਗਠਨ ਵੀ ਕੀਤਾ ਗਿਆ ਏ । ਇਹ ਕਮੇਟੀ, ਭਾਰਤੀ ਪਸ਼ੂ ਭਲਾਈ ਬੋਰਡ ਅਤੇ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਤੇ ਜਾਰੀ ਕੀਤੀਆਂ ਗਈਆਂ ਹਦਾਇਤਾਂ, ਅਤੇ ਜਾਨਵਰਾਂ

ਪ੍ਰਤੀ ਬੇਰਹਿਮੀ ਦੀ ਰੋਕਥਾਮ ਬਾਰੇ ਵਖ ਵਖ ਕਾਨੂੰਨਾਂ ਦੀ ਪਾਲਣਾ ਕਰਨੀ ਯਕੀਨੀ ਬਣਾਏਗੀ. ਸ਼੍ਰੀ ਜੈਨ ਨੇ ਦੱਸਿਆ - byte –

ਸ਼੍ਰੀ ਜੈਨ ਨੇ ਖੇਡਾਂ ਬਾਰੇ ਵੇਰਵੇ ਵੀ ਸਾਂਝੇ ਕੀਤੇ . ਪੇਸ਼ ਏ ਇੱਕ ਰਿਪੋਰਟ –

v / c

ਇਸ ਮੌਕੇ ਰੂਰਲ ਓਲੰਪਿਕ ਦਾ ਪੋਸਟਰ ਜਾਰੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹਨਾਂ ਤਿੰਨ ਦਿਨਾ ਖੇਡਾਂ ਦੌਰਾਨ ਮੁੰਡਿਆਂ ਤੇ ਕੁੜੀਆਂ ਦੇ ਹਾਕੀ ਮੈਚ, 1500 ਮੀਟਰ ਫਾਈਨਲ ਦੌੜਾਂ, 400 ਮੀਟਰ ਹੀਟਸ/ਫਾਈਨਲ, ਸ਼ਾਟਪੁੱਟ, ਕਬੱਡੀ ਸਰਕਲ ਸਟਾਈਲ ਤੇ ਨੈਸ਼ਨਲ ਸਟਾਈਲ, ਲੰਮੀ ਛਾਲ, ਉੱਚੀ ਛਾਲ, 2000 ਮੀਟਰ ਸਾਈਕਲ ਦੌੜ ਤੋਂ ਇਲਾਵਾ, ਟਰਾਲੀ ਲੋਡਿੰਗ-ਅਨਲੋਡਿੰਗ, ਟਰਾਈ ਸਾਈਕਲ ਦੌੜ ਅਤੇ ਤਿਨ ਦਿਨ ਬੈਲ ਗੱਡੀਆਂ ਦੀਆਂ ਦੌੜਾਂ ਹੋਣਗੀਆਂ।

ਕਿਲ੍ਹਾ ਰਾਏਪੁਰ ਸਪੋਰਟਸ ਸੁਸਾਇਟੀ ਦੇ ਪ੍ਰਧਾਨ ਕਰਨਲ ਸੁਰਿੰਦਰ ਸਿੰਘ ਗਰੇਵਾਲ ਨੇ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਲੁਧਿਆਣਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਓਹਨਾਂ ਨੂੰ ਬੇਹਦ ਖੁਸ਼ੀ ਹੋਈ ਏ ਕਿ ਕਿਲ੍ਹਾ ਰਾਏਪੁਰ ਵਿੱਚ ਬੈਲ ਗੱਡੀਆਂ ਦੀਆਂ ਦੌੜਾਂ ਦੁਬਾਰਾ ਸ਼ੁਰੂ ਹੋ ਰਹੀਆਂ ਨੇ.

ਯਕੀਨਨ ਇਹ ਖੇਡਾਂ ਦਿਹਾਤੀ ਖੇਡਾਂ ਪ੍ਰਤੀ ਰੁਝਾਨ ਨੂੰ ਮੁੜ੍ਹ ਸੁਰਜੀਤ ਕਰਨ 'ਚ ਵੱਡੀ ਭੂਮਿਕਾ ਨਿਭਾਉਣਗੀਆਂ . ਰਾਜੇਸ਼ ਬਾਲੀ .....

---

ਪੰਜਾਬ ਵਿੱਚ ਕਈ ਥਾਵਾਂ 'ਤੇ ਲਗਾਤਾਰ ਹੋ ਰਹੀ ਬਾਰਿਸ਼ ਅਤੇ ਗਰਜ ਨਾਲ ਸੂਬੇ ਦੇ ਤਾਪਮਾਨ ਵਿੱਚ ਗਿਰਾਵਟ ਆਈ ਏ ।

ਚੰਡੀਗੜ੍ਹ ਸਥਿਤ ਮੌਸਮ ਵਿਭਾਗ ਮੁਤਾਬਿਕ, ਅੱਜ ਪੰਜਾਬ ਭਰ ਵਿੱਚ ORANGE ALERT ਜਾਰੀ ਏ.

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਭਲਕੇ, 18ਵੇਂ ਰੋਜ਼ਗਾਰ ਮੇਲੇ ਵਿੱਚ, ਨਵੇਂ ਨਿਯੁਕਤ ਨੌਜਵਾਨਾਂ ਨੂੰ 61,ਹਜ਼ਾਰ ਤੋਂ ਵੱਧ ਨਿਯੁਕਤੀ ਪੱਤਰ ਵੰਡਣਗੇ. ਇਹ ਮੇਲਾ ਪੰਜਾਬ ਦੇ ਜਲੰਧਰ ਸਮੇਤ ਦੇਸ਼ ਭਰ ਵਿੱਚ 45 ਥਾਵਾਂ 'ਤੇ ਹੋਏਗਾ.
- ਸਤਿਗੁਰੂ ਰਾਮ ਦਾਸ ਜੀ ਦੇ 210 ਵੇਂ ਪ੍ਰਕਾਸ਼ ਪੁਰਬ ਮੌਕੇ ਰਾਜ ਪਧਰੀ ਸਮਾਗਮ ਆਯੋਜਿਤ. ਕੂਕਾ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਯਾਦ ਕੀਤਾ ਗਿਆ.
- ਆਈ.ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ, ਜਲੰਧਰ ਨੇ ਆਸਟ੍ਰੇਲੀਆ ਦੇ ਯੂਨੀਵਰਸਲ ਬਿਜ਼ਨਸ ਸਕੂਲ ਸਿਡਨੀ ਨਾਲ ਅਕਾਦਮਿਕ ਸਹਿਯੋਗ ਲਈ ਇੱਕ ਅਹਿਮ ਸਮਝੌਤੇ ‘ਤੇ ਦਸਤਖਤ ਕੀਤੇ ਨੇ.

- 'ਕਿਲ੍ਹਾ ਰਾਏਪੁਰ ਰੂਰਲ ਓਲੰਪਿਕ-2026' ਖੇਡਾਂ 30 ਜਨਵਰੀ ਤੋਂ ਸ਼ੁਰੂ. ਬੈਲ ਗੱਡੀਆਂ ਦੀਆਂ ਦੌੜਾਂ ਦੀ ਮੁੜ੍ਹ ਵਾਪਸੀ.
- ਪੰਜਾਬ ਵਿੱਚ ਕਈ ਥਾਵਾਂ 'ਤੇ ਲਗਾਤਾਰ ਬਾਰਿਸ਼. ਅੱਜ ਪੰਜਾਬ ਭਰ ਵਿੱਚ ORANGE ALERT ਜਾਰੀ.

**ਇਸਦੇ ਨਾਲ ਹੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੁੰਦਾ ਏ**

**ਸਾਡਾ ਅਗਲਾ ਰਾਸ਼ਟਰੀ ਬੁਲੇਟਿਨ**

**ਸ਼ਾਮ ਸਾਢੇ 7 ਵਜੇ ਹੋਏਗਾ. ਨਮਸ੍ਕਾਰ**